ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ........................
Date .......................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

## ਹੁੱਕਮ

ਕੋਵਿਡ-19 (ਕਰੋਨਾ ਵਾਇਰਸ) ਵਾਇਰਸ ਵੱਲੋਂ ਪੂਰੇ ਵਿਸ਼ਵ ਵਿੱਚ ਦਹਿਸ਼ਤ ਫੈਲਾਈ ਹੈ। ਜਿਸ ਨੂੰ ਸਰਕਾਰ ਵੱਲੋਂ ਵੀ ਮਹਾਂਮਾਰੀ ਬਿਮਾਰੀ ਘੋਸ਼ਿਤ ਕੀਤਾ ਜਾ ਚੁੱਕਾ ਹੈ ਅਤੇ ਇਸ ਨੇ ਆਪਣੇ ਪੈਰ ਭਾਰਤ ਵਿੱਚ ਵੀ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਜਿਸ ਦੀ ਰੋਕਥਾਮ ਕਰਨੀ ਬਹੁਤ ਜਰੂਰੀ ਹੋ ਚੁੱਕੀ ਹੈ।

ਇਸ ਸਬੰਧੀ ਇਸ ਦਫਤਰ ਦੇ ਪੱਤਰ ਨੰ 3062-85/ਐਮ.ਸੀ-4/ਐਮ.ਏ ਮਿਤੀ 23-03-2020 ਰਾਂਹੀ ਜਿਲ੍ਹਾ ਜਲੰਧਰ ਵਿੱਚ ਕਰਫਿਊ ਲਾਗੂ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ। ਇਹਨਾਂ ਹੁਕਮਾਂ ਵਿੱਚ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਕਰਫਿਊ ਦੌਰਾਨ ਇਸ ਦਫਤਰ ਦੇ ਪੱਤਰ ਨੰ 5037-45/ਐਮ.ਸੀ-4/ਐਮ.ਏ ਮਿਤੀ 03-04-2020 ਰਾਂਹੀ ਕੰਬਾਈਨਾਂ ਨੂੰ ਛੋਟ ਦਿੱਤੀ ਗਈ ਸੀ। ਜਿਸ ਵਿੱਚ ਅੰਸ਼ਿਕ ਸੋਧ ਕਰਕੇ ਹੇਠ ਲਿਖੇ ਅਨੁਸਾਰ ਸਪਸ਼ਟੀਕਰਨ ਜਾਰੀ ਕੀਤੇ ਜਾਂਦੇ ਹਨ :-

1. ਸਮੂਹ ਕੰਬਾਇਨਾਂ ਕਟਾਈ ਦੇ ਸੀਜਨ ਦੌਰਾਨ ਸਵੇਰੇ 07:00 ਵਜੇ ਤੋਂ ਸ਼ਾਮ ਦੇ 07:00 ਵੱਜੇ ਤੱਕ ਖੇਤਾਂ ਵਿੱਚ ਕਟਾਈ ਕਰ ਸਕਦੀਆਂ ਹਨ ਅਤੇ ਇਹਨਾ ਨੂੰ ਕਰਫਿਊ ਪਾਸ ਦੀ ਜਰੂਰਤ ਨਹੀਂ ਹੋਵੇਗੀ। ਸੜਕਾਂ ਤੇ ਕੰਬਾਇਨਾਂ 24 ਘੰਟੇ ਚੱਲ ਸਕਦੀਆਂ ਹਨ ਅਤੇ ਇਹਨਾਂ ਨੂੰ ਪੂਰੇ ਜਿਲ੍ਹਾ ਜਲੰਧਰ ਵਿੱਚ ਕਿਸੇ ਵੀ ਕਿਸਮ ਦੇ ਕਰਫਿਊ ਪਾਸ ਦੀ ਲੋੜ ਨਹੀਂ ਹੋਵੇਗੀ।

2. ਕੰਬਾਇਨਾਂ ਦੇ ਸਪੇਅਰ ਪਾਰਟਸ ਦੀਆਂ ਦੁਕਾਨਾਂ ਸਵੇਰੇ 05.00 ਵਜੇ ਤੋਂ 08.00 ਵਜੇ ਤੱਕ ਹੀ ਖੁੱਲਣਗੀਆਂ।

3. ਟਰੈਕਟਰਾਂ ਦੀਆਂ ਵਰਕਸ਼ਾਪਾਂ ਸਵੇਰੇ 05.00 ਵਜੇ ਤੋਂ 08.00 ਵਜੇ ਤੱਕ ਖੁੱਲਣਗੀਆਂ। ਟਰੈਕਟਰਾਂ ਦੀ ਮੁਰੰਮਤ ਵਰਕਸ਼ਾਪ ਦੇ ਅੰਦਰ ਹੀ ਕੀਤੀ ਜਾਵੇਗੀ ਅਤੇ ਇਸ ਦੀ ਡਲੀਵਰੀ ਸ਼ਾਮ 04.00 ਵਜੇ ਤੋਂ 06.00 ਵਜੇ ਦੌਰਾਨ ਹੀ ਕੀਤੀ ਜਾਵੇਗੀ।

4. ਟਰੈਕਟਰ ਵਰਕਸ਼ਾਪਾਂ ਦੇ ਮਾਲਕ ਅਤੇ ਸਪੇਅਰ ਪਾਰਟ ਦੀਆਂ ਦੁਕਾਨਾਂ ਦੇ ਮਾਲਕ ਸੁਨਿਸ਼ਚਿਤ ਕਰਨਗੇ ਕਿ ਕਰੋਨਾ ਵਾਇਰਸ ਦੀ ਰੋਕਥਾਮ ਲਈ ਭਾਰਤ ਸਰਕਾਰ/ਪੰਜਾਬ ਸਰਕਾਰ/ਨਿਮਨਹਸਤਾਖਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਜਿਵੇਂ ਮਾਸਕ ਅਤੇ ਸੈਨੇਟਾਇਜਰ ਦੀ ਵਰਤੋਂ ਆਦਿ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ। ਉਹ ਕੰਮ ਕਰਦੇ ਸਮੇਂ ਆਪਸ ਵਿੱਚ ਸਮਾਜਿਕ ਦੂਰੀ (1.5 ਤੋਂ 2 ਮੀਟਰ) ਬਣਾਈ ਰੱਖਣੀ ਵੀ ਯਕੀਨੀ ਬਨਾਉਣਗੇ। ਉਕਤ ਸਾਰੀਆਂ ਹਦਾਇਤਾਂ ਲਾਗੂ ਕਰਵਾਉਣ ਦੀ ਜਿੰਮੇਵਾਰੀ ਮੁੱਖ ਖੇਤੀ ਬਾੜੀ ਅਫਸਰ, ਜਲੰਧਰ ਦੀ ਹੋਵੇਗੀ ਅਤੇ ਸੁਰੱਖਿਆ ਦੇ ਸਾਰੇ ਪ੍ਰਬੰਧ ਕਮਿਸ਼ਨਰ ਆਫ ਪੁਲਿਸ, ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ), ਜਲੰਧਰ ਵੱਲੋਂ ਕੀਤੇ ਜਾਣਗੇ।

5. ਸਪੇਅਰ ਪਾਰਟਸ ਦੀ ਸਪਲਾਈ ਲਈ ਮੂਵਮੈਂਟ ਪਾਸ ਆਨਲਾਈਨ ਲਿੰਕ https://epasscovid19.pais.net.in/ ਤੋਂ ਬਣਵਾਏ ਜਾ ਸਕਦੇ ਹਨ। ਸਪੇਅਰ ਪਾਰਟਸ ਦੀਆਂ ਦੁਕਾਨਾਂ ਅਤੇ ਟਰੈਕਟਰਾਂ ਦੀਆਂ ਵਰਕਸ਼ਾਪਾਂ ਨੂੰ ਆਨਲਾਈਨ ਕਰਫਿਊ ਪਾਸ ਮੁੱਖ ਖੇਤੀ ਬਾੜੀ ਅਫਸਰ, ਜਲੰਧਰ ਵੱਲੋਂ ਜਾਰੀ ਕੀਤੇ ਜਾਣਗੇ। ਜੇਕਰ ਆਨਲਾਈਨ ਪਾਸ ਮੰਨਜੂਰ ਕਰਵਾਉਣ ਵਿੱਚ ਕਿਸੇ ਕਿਸਮ ਦੀ ਦਿੱਕਤ ਹੋਵੇ ਤਾਂ ਇਸ ਸਬੰਧੀ ਸ੍ਰੀ ਸੁਰਿੰਦਰ ਸਿੰਘ, ਮੁੱਖ ਖੇਤੀ ਬਾੜੀ ਅਫਸਰ, ਜਲੰਧਰ ਫੋਨ 98159-72507 ਨਾਲ ਸੰਪਰਕ ਕੀਤਾ ਜਾਵੇ। ਮੁੱਖ ਖੇਤੀ ਬਾੜੀ ਅਫਸਰ, ਜਲੰਧਰ ਆਨਲਾਈਨ ਕਰਫਿਊ ਪਾਸਾਂ ਸਬੰਧੀ ਸ੍ਰੀ ਹਰਦੀਪ ਸਿੰਘ, ਪੀ.ਸੀ.ਐਸ, ਸਹਾਇਕ ਕਮਿਸ਼ਨਰ (ਜ), ਜਲੰਧਰ ਨਾਲ ਤਾਲਮੇਲ ਕਰਕੇ ਲੋੜੀਂਦੇ ਆਨਲਾਈਨ ਕਰਫਿਊ ਪਾਸ ਮੰਨਜੂਰ ਕਰਵਾਉਣ ਲਈ ਪਾਬੰਦ ਹੋਣਗੇ।

ਕੇਂਦਰ ਅਤੇ ਰਾਜ ਸਰਕਾਰ ਵੱਲੋਂ ਕੋਵਿਡ-19 ਨੂੰ ਮਹਾਂਮਾਰੀ ਘੋਸ਼ਿਤ ਕਰਕੇ National Disaster Management Act, 2005 ਨੂੰ Invoke ਕੀਤਾ ਜਾ ਚੁੱਕਾ ਹੈ। ਇਸ ਲਈ ਇਹ ਆਰਡਰ ਲੋਕ ਹਿੱਤ ਨੂੰ ਧਿਆਨ ਵਿੱਚ ਰਖਦੇ ਹੋਏ ਕੀਮਤੀ ਮਨੁੱਖੀ ਜਾਨਾਂ ਨੂੰ ਬਚਾਉਣ ਲਈ ਪਾਸ ਕੀਤਾ ਜਾ ਰਿਹਾ ਹੈ।

ਜਿਲ੍ਹਾ ਮੈਜਿਸਟਰੇਟ,
ਜਲੰਧਰ।

ਪਿਠ ਅੰਕਣ ਨੰ. 5643-50 /ਐਮ.ਸੀ.4/ਐਮ.ਏ ਮਿਤੀ- 08-04-2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਕਮਿਸ਼ਨਰ, ਜਲੰਧਰ ਮੰਡਲ, ਜਲੰਧਰ
2. ਕਮਿਸ਼ਨਰ ਆਫ ਪੁਲਿਸ, ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
3. ਕਮਿਸ਼ਨਰ, ਨਗਰ ਨਿਗਮ, ਜਲੰਧਰ
4. ਮੁੱਖ ਖੇਤੀਬਾੜੀ ਅਫਸਰ, ਜਲੰਧਰ
5. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
6. ਜਿਲ੍ਹਾ ਲੋਕ ਸਪੰਰਕ ਅਫਸਰ, ਜਲੰਧਰ
7. ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਜਲੰਧਰ
8. ਸੁਪਰਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ) ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

8/4/2020
ਵ. ਜਿਲ੍ਹਾ ਮੈਜਿਸਟਰੇਟ,ਜਲੰਧਰ।

Scanned with CamScanner